**ਗੂਜਰੀ ਸ੍ਰੀ ਨਾਮਦੇਵ ਜੀ ਕੇ ਪਦੇ ਘਰੁ ੧ ੴ ਸਤਿਗੁਰ ਪ੍ਰਸਾਦਿ ॥ ਜੌ ਰਾਜੁ ਦੇਹਿ ਤ ਕਵਨ ਬਡਾਈ ॥ ਜੌ ਭੀਖ ਮੰਗਾਵਹਿ ਤ ਕਿਆ ਘਟਿ ਜਾਈ ॥੧॥ ਤੂੰ ਹਰਿ ਭਜੁ ਮਨ ਮੇਰੇ ਪਦੁ ਨਿਰਬਾਨੁ ॥ ਬਹੁਰਿ ਨ ਹੋਇ ਤੇਰਾ ਆਵਨ ਜਾਨੁ ॥ ੧॥ ਰਹਾਉ ॥ ਸਭ ਤੈ ਉਪਾਈ ਭਰਮ ਭੁਲਾਈ ॥ ਜਿਸ ਤੂੰ ਦੇਵਹਿ ਤਿਸਹਿ ਬੁਝਾਈ ॥੨॥ ਸਤਿਗੁਰੁ ਮਿਲੈ ਤ ਸਹਸਾ ਜਾਈ ॥ ਕਿਸੁ ਹਉ ਪੂਜਉ ਦੂਜਾ ਨਦਰਿ ਨ ਆਈ ॥੩॥ ਏਕੈ ਪਾਥਰ ਕੀਜੈ ਭਾਉ ॥ ਦੂਜੈ ਪਾਥਰ ਧਰੀਐ ਪਾਉ ॥ ਜੇ ਓਹੁ ਦੇਉ ਤ ਓਹੁ ਭੀ ਦੇਵਾ ॥ ਕਹਿ ਨਾਮਦੇਉ ਹਮ ਹਰਿ ਕੀ ਸੇਵਾ ॥੪॥੧॥** {ਪੰਨਾ 525}

ਪਦਅਰਥ:- ਜੌ—ਜੇਕਰ। ਭੀਖ ਮੰਗਾਵਹਿ—ਮੈਥੋਂ ਭਿੱਖ ਮੰਗਾਏਂ, ਮੈਨੂੰ ਮੰਗਤਾ ਬਣਾ ਦੇਵੇਂ, ਮੈਨੂੰ ਕੰਗਾਲ ਕਰ ਦੇਵੇਂ।1।

ਪਦੁ—ਦਰਜਾ, ਮੁਕਾਮ। ਨਿਰਬਾਨੁ—ਵਾਸ਼ਨਾ ਰਹਿਤ, ਜਿੱਥੇ ਦੁਨੀਆ ਦੀ ਕੋਈ ਵਾਸ਼ਨਾ ਨ ਫੁਰੇ। ਬਹੁਰਿ—ਫਿਰ, ਮੁੜ ਕੇ।1। ਰਹਾਉ।

ਤੈ—(ਹੇ ਪ੍ਰਭੂ!) ਤੂੰ। ਉਪਾਈ—ਪੈਦਾ ਕੀਤੀ। ਬੁਝਾਈ—ਸਮਝ, ਸੂਝ।2।

ਸਹਸਾ—ਦਿਲ ਦੀ ਘਬਰਾਹਟ। ਜਾਈ—ਦੂਰ ਹੋ ਜਾਂਦੀ ਹੈ।3।

ਭਾਉ—ਪਿਆਰ। ਪਾਉ—ਪੈਰ। ਦੇਉ—ਦੇਵਤਾ।4।

ਅਰਥ:- (ਸੁਖ ਮੰਗਣ ਲਈ ਤੇ ਦੁੱਖਾਂ ਤੋਂ ਬਚਣ ਲਈ, ਅੰਞਾਣ ਲੋਕ ਆਪਣੀ ਹੀ ਹੱਥੀਂ ਪੱਥਰਾਂ ਤੋਂ ਘੜੇ ਹੋਏ ਦੇਵਤਿਆਂ ਅੱਗੇ ਨੱਕ ਰਗੜਦੇ ਹਨ; ਪਰ) ਹੇ ਮੇਰੇ ਮਨ! ਤੂੰ ਇੱਕ ਪ੍ਰਭੂ ਨੂੰ ਸਿਮਰ; ਉਹੀ ਵਾਸ਼ਨਾ-ਰਹਿਤ ਅਵਸਥਾ (ਦੇਣ ਵਾਲਾ) ਹੈ, (ਉਸ ਦਾ ਸਿਮਰਨ ਕੀਤਿਆਂ) ਫਿਰ ਤੇਰਾ (ਜਗਤ ਵਿਚ) ਜੰਮਣਾ ਮਰਨਾ ਮਿਟ ਜਾਇਗਾ।1। ਰਹਾਉ।

(ਹੇ ਮਨ! ਇੱਕ ਪ੍ਰਭੂ ਦੇ ਦਰ ਤੇ ਇਉਂ ਆਖ—ਹੇ ਪ੍ਰਭੂ!) ਜੇ ਤੂੰ ਮੈਨੂੰ ਰਾਜ (ਭੀ) ਦੇ ਦੇਵੇਂ, ਤਾਂ ਮੈਂ ਕਿਸੇ ਗੱਲੇ ਵੱਡਾ ਨਹੀਂ ਹੋ ਜਾਵਾਂਗਾ ਤੇ ਜੇ ਤੂੰ ਮੈਨੂੰ ਕੰਗਾਲ ਕਰ ਦੇਵੇਂ, ਤਾਂ ਮੇਰਾ ਕੁਝ ਘਟ ਨਹੀਂ ਜਾਣਾ। (ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ ਤੇ ਭਰਮਾਂ ਵਿਚ ਕੁਰਾਹੇ ਪਾਈ ਹੋਈ ਹੈ, ਜਿਸ ਜੀਵ ਨੂੰ ਤੂੰ ਆਪ ਮੱਤ ਦੇਂਦਾ ਹੈਂ ਉਸੇ ਨੂੰ ਮੱਤ ਆਉਂਦੀ ਹੈ। 1, 2।

(ਜਿਸ ਭਾਗਾਂ ਵਾਲੇ ਨੂੰ) ਸਤਿਗੁਰੂ ਮਿਲ ਪਏ (ਦੁੱਖਾਂ ਸੁਖਾਂ ਬਾਰੇ) ਉਸ ਦੇ ਦਿਲ ਦੀ ਘਬਰਾਹਟ ਦੂਰ ਹੋ ਜਾਂਦੀ ਹੈ (ਤੇ ਉਹ ਆਪਣੇ ਹੀ ਘੜੇ ਹੋਏ ਦੇਵਤਿਆਂ ਅੱਗੇ ਨੱਕ ਨਹੀਂ ਰਗੜਦਾ ਫਿਰਦਾ)। (ਮੈਨੂੰ ਗੁਰੂ ਨੇ ਸੂਝ ਬਖ਼ਸ਼ੀ ਹੈ) ਪ੍ਰਭੂ ਤੋਂ ਬਿਨਾ ਕੋਈ ਹੋਰ (ਦੁੱਖ ਸੁਖ ਦੇਣ ਵਾਲਾ) ਮੈਨੂੰ ਦਿੱਸਦਾ ਹੀ ਨਹੀਂ, (ਇਸ ਵਾਸਤੇ) ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ।3।

(ਕਿਆ ਅਜਬ ਗੱਲ ਹੈ ਕਿ) ਇਕ ਪੱਥਰ (ਨੂੰ ਦੇਵਤਾ ਬਣਾ ਕੇ ਉਸ) ਨਾਲ ਪਿਆਰ ਕੀਤਾ ਜਾਂਦਾ ਹੈ ਤੇ ਦੂਜੇ ਪੱਥਰਾਂ ਉੱਤੇ ਪੈਰ ਧਰਿਆ ਜਾਂਦਾ ਹੈ। ਜੇ ਉਹ ਪੱਥਰ (ਜਿਸ ਦੀ ਪੂਜਾ ਕੀਤੀ ਜਾਂਦੀ ਹੈ) ਦੇਵਤਾ ਹੈ ਤਾਂ ਦੂਜਾ ਪੱਥਰ ਭੀ ਦੇਵਤਾ ਹੈ (ਉਸ ਨੂੰ ਕਿਉਂ ਪੈਰਾਂ ਹੇਠ ਲਤਾੜੀਦਾ ਹੈ? ਪਰ) ਨਾਮਦੇਉ ਆਖਦਾ ਹੈ (ਅਸੀਂ ਕਿਸੇ ਪੱਥਰ ਨੂੰ ਦੇਵਤਾ ਥਾਪ ਕੇ ਉਸ ਦੀ ਪੂਜਾ ਕਰਨ ਨੂੰ ਤਿਆਰ ਨਹੀਂ), ਅਸੀਂ ਤਾਂ ਪਰਮਾਤਮਾ ਦੀ ਬੰਦਗੀ ਕਰਦੇ ਹਾਂ।4।1।

ਨੋਟ:- ਕੀ ਅਸਾਂ ਨਾਮਦੇਵ ਜੀ ਦੇ ਇਹਨਾਂ ਲਫ਼ਜ਼ਾਂ ਉੱਤੇ ਇਤਬਾਰ ਕਰਨਾ ਹੈ, ਜਾਂ, ਸੁਆਰਥੀ ਲੋਕਾਂ ਦੀਆਂ ਘੜੀਆਂ ਕਹਾਣੀਆਂ ਉੱਤੇ?